ਸਲੋਕ ਮਃ ੩ ॥ ਜਗਤੁ ਜਲੰਦਾ ਰਖਿ ਲੈ ਆਪਣੀ ਕਿਰਪਾ ਧਾਰਿ ॥ ਜਿਤੁ ਦੁਆਰੈ ਉਬਰੈ ਤਿਤੈ ਲੈਹੁ ਉਬਾਰਿ ॥ ਸਤਿਗੁਰਿ ਸੁਖੁ ਵੇਖਾਲਿਆ ਸਚਾ ਸਬਦੁ ਬੀਚਾਰਿ ॥ ਨਾਨਕ ਅਵਰੁ ਨ ਸੁਝਈ ਹਰਿ ਬਿਨੁ ਬਖਸਣਹਾਰੁ ॥੧॥ {ਪੰਨਾ 853}

ਪਦਅਰਥ:- ਜਲੰਦਾ—(ਵਿਕਾਰਾਂ ਵਿਚ) ਸੜਦਾ। ਰਖਿ ਲੈ—ਬਚਾ ਲੈ। ਧਾਰਿ—ਧਾਰ ਕੇ, ਕਰ ਕੇ। ਜਿਤੁ ਦੁਆਰੈ—ਜਿਸ ਦਰ ਤੇ, ਜਿਸ ਤਰੀਕੇ ਨਾਲ। ਉਬਰੈ—ਬਚ ਸਕੇ। ਤਿਤੈ—ਉਸੇ ਤਰ੍ਹਾਂ ਹੀ। ਸਤਿਗੁਰਿ—ਗੁਰੂ ਨੇ। ਸੁਖੁ—ਆਤਮਕ ਆਨੰਦ। ਸਚਾ ਸਬਦੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ। ਬੀਚਾਰਿ—ਵਿਚਾਰ ਕੇ, ਮਨ ਵਿਚ ਟਿਕਾ ਕੇ। ਅਵਰੁ—ਕੋਈ ਹੋਰ।1।

ਅਰਥ:- ਹੇ ਪ੍ਰਭੂ! (ਵਿਕਾਰਾਂ ਵਿਚ) ਸੜ ਰਹੇ ਸੰਸਾਰ ਨੂੰ ਆਪਣੀ ਮਿਹਰ ਕਰ ਕੇ ਬਚਾ ਲੈ, ਜਿਸ ਭੀ ਤਰੀਕੇ ਨਾਲ ਇਹ ਬਚ ਸਕਦਾ ਹੋਵੇ ਉਸੇ ਤਰ੍ਹਾਂ ਬਚਾ ਲੈ।

ਹੇ ਨਾਨਕ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਮਨ ਵਿਚ ਵਸਾ ਕੇ (ਜਿਸ ਮਨੁੱਖ ਨੂੰ) ਸਤਿਗੁਰੂ ਨੇ (ਸਿਮਰਨ ਦਾ) ਆਤਮਕ ਆਨੰਦ ਵਿਖਾਲ ਦਿੱਤਾ, ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਤੋਂ ਬਿਨਾ ਕੋਈ ਹੋਰ ਇਹ ਬਖ਼ਸ਼ਸ਼ ਕਰਨ ਵਾਲਾ ਨਹੀਂ ਹੈ।1।